412022-Tarantaran-08.qxd 1/3/2022 11:23 PM Page 1

ਨਵੇਂ ਵਰ੍ਹੇ ਦੀ ਆਮਦ 'ਤੇ ਸਰਬੱਤ ਦੇ ਭਲੇ ਲਈ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ

ਸਮਾਗਮ ਦੌਰਾਨ ਕੀਰਤਨ ਕਰਦਾ ਰਾਗੀ ਜਥਾ ਅਤੇ ਸਮਾਗਮ ਦੌਰਾਨ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ, ਏ.ਡੀ.ਸੀ. ਜਗਵਿੰਦਰ ਸਿੰਘ ਅਤੇ ਹੋਰ। ਅਜੀਤ ਤਸਵੀਰਾਂ

ਤਰਨ ਤਾਰਨ, 3 ਜਨਵਰੀ (ਹਰਿੰਦਰ ਸਿੰਘ)-ਹਰ ਸਾਲ ਦੀ ਤਰਾਂ ਇਸ ਸਾਲ ਵੀ ਨਵੇਂ ਵਰੇ ਦੀ ਆਮਦ 'ਤੇ ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਵਲੋਂ ਜ਼ਿਲਾ ਪ੍ਰਬੰਧਕੀ ਕੰਪਲੈਕਸ ਤਰਨ ਤਾਰਨ ਵਿਖੇ 1 ਜਨਵਰੀ ਨੂੰ ਸ੍ਰੀ ਅਖੰਡ ਪਾਠ ਸਾਹਿਬ ਅਰੰਭ ਕਰਵਾਏ ਗਏ ਸਨ, ਜਿੰਨਾਂ ਦੇ ਅੱਜ ਸੰਪੂਰਨ ਭੋਗ ਪਾਏ ਗਏ। ਇਸ ਮੌਕੇ ਵੱਖ-ਵੱਖ ਕੀਰਤਨੀ ਜਥਿਆਂ ਵਲੋਂ ਸੰਗਤਾਂ ਨੂੰ ਗੁਰਬਾਣੀ ਦਾ ਰਸ-ਭਿੰਨਾ ਕੀਰਤਨ ਸੁਣਾ ਕੇ ਨਿਹਾਲ ਕੀਤਾ ਗਿਆ। ਜ਼ਿਕਰਯੋਗ ਹੈ ਕਿ ਹਰ ਸਾਲ ਜ਼ਿਲ੍ਹੇ ਦੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਵਲੋਂ ਸ੍ਰੀ ਅਖੰਡ ਪਾਠ ਸਾਹਿਬ ਕਰਵਾਇਆ ਜਾਂਦਾ ਹੈ ਅਤੇ ਸਰਬੱਤ ਦੇ ਭਲੇ ਅਤੇ ਚੜ੍ਹਦੀ ਕਲਾ ਦੀ ਅਰਦਾਸ ਕਰਵਾਈ ਜਾਂਦੀ ਹੈ। ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਵਲੋਂ ਕੀਰਤਨੀ ਜਥਿਆਂ ਤੇ ਗ੍ਰੰਥੀ ਸਿੰਘਾਂ ਨੂੰ ਸਿਰੋਪਾਓ ਭੇਟ ਕੀਤਾ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਤਰਨ ਤਾਰਨ ਵਲੋਂ ਹਰ ਸਾਲ ਨਵੇਂ ਵਰੇ ਦੀ ਆਮਦ 'ਤੇ ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਦੇ ਸਹਿਯੋਗ ਨਾਲ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਂਦਿਆਂ ਹੋਇਆ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਜਾਂਦੀ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਜਨਰਲ ਜਗਵਿੰਦਰਜੀਤ ਸਿੰਘ ਗਰੇਵਾਲ, ਸਿਵਲ ਸਰਜਨ ਡਾ. ਰੋਹਿਤ ਮਹਿਤਾ, ਜ਼ਿਲ੍ਹਾ ਮਾਲ ਅਫ਼ਸਰ ਅਦਿੱਤਿਆ ਗੁਪਤਾ ਸਿੰਘ, ਜ਼ਿਲ੍ਹਾ ਭਲਾਈ ਅਫ਼ਸਰ ਬਿਕਰਮਜੀਤ ਸਿੰਘ ਪੁਰੇਵਾਲ, ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਡਾ. ਕਿਰਤਪ੍ਰੀਤ ਕੌਰ ਅਤੇ ਜ਼ਿਲ੍ਹਾ ਯੂਥ ਅਫ਼ਸਰ ਜਸਲੀਨ ਕੌਰ ਤੋਂ ਇਲਾਵਾ ਸਮੂਹ ਵਿਭਾਗਾਂ ਦੇ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।

ਗੁਰਦੁਆਰਾ ਬਾਬਾ ਸਿਧਾਣਾ ਜੀ ਵਿਖੇ ਮੀਟਿੰਗ ਮੌਕੇ ਖੜੇ ਪਹਿਲਵਾਨ ਹਰਪਾਲ ਸਿੰਘ ਤੇ ਇਲਾਕੇ ਦੇ ਮੁਹਤਬਰ ਅਤੇ ਬੈਠੇ ਵੱਡੀ ਗਿਣਤੀ 'ਚ ਵੱਖ-ਵੱਖ ਪਿੰਡਾਂ ਦੇ ਲੋਕ। ਤਸਵੀਰ: ਗੱਗੋਬੂਹਾ

ਗੁਰਦੁਆਰਾ ਬਾਬਾ ਸਿਧਾਣਾ ਸਾਹਿਬ ਵਿਖੇ ਵੱਡੀ ਗਿਣਤੀ 'ਚ ਪਿੰਡਾਂ ਦੇ ਮੁਹਤਬਰਾਂ ਦੀ ਹੋਈ ਮੀਟਿੰਗ ਨੇ ਰੈਲੀ ਦਾ ਰੂਪ ਧਾਰਿਆ

ਝਬਾਲ, 3 ਜਨਵਰੀ (ਸਰਬਜੀਤ ਸਿੰਘ)- ਹਲਕਾ ਤਰਨ ਤਾਰਨ ਦੇ ਵੱਡੀ ਗਿਣਤੀ ਵਿਚ ਪਿੰਡਾਂ ਦੇ ਮੋਹਤਬਰਾਂ ਨੇ ਆ ਰਹੀਆਂ ਵਿਧਾਨ ਸਭਾ ਚੋਣਾਂ ਵਿਚ ਸਿਆਸਤ ਤੋਂ ਉਪਰ ਉੱਠ ਕੇ ਇਕੱਠੇ ਹੋ ਕੇ ਚੱਲਣ ਦਾ ਪ੍ਰਣ ਕਰਦਿਆਂ ਸਾਬਕਾ ਸਰਪੰਚ ਪਹਿਲਵਾਨ ਹਰਪਾਲ ਸਿੰਘ ਕੋਟ, ਸਾਬਕਾ ਸਰਪੰਚ ਜਰਨੈਲ ਸਿੰਘ ਪੰਡੋਰੀ, ਚੇਅਰਮੈਨ ਰਵਿੰਦਰ ਸਿੰਘ ਠਰੂ, ਗੁਰਦੇਵ ਸਿੰਘ ਪੱਧਰੀ, ਸਾਬਕਾ ਸਰਪੰਚ ਹਰਭਜਨ ਸਿੰਘ ਭੁੱਚਰ, ਬਲਦੇਵ ਸਿੰਘ ਧਰਮੀ ਫੌਜੀ ਭੁੱਚਰ ਦੀ ਅਗਵਾਈ ਹੇਠ ਗੁਰਦੁਆਰਾ ਬਾਬਾ ਸਿਧਾਣਾ ਜੀ ਵਿਖੇ ਮੀਟਿੰਗ ਹੋਈ, ਜਿਸ ਨੇ ਰੈਲੀ ਦਾ ਰੂਪ ਧਾਰਨ ਕਰ ਲਿਆ, ਜਿਸ ਵਿਚ ਨਿਰਪੱਖ 21 ਮੈਂਬਰੀ ਕਮੇਟੀ ਬਣਾਉਂਦਿਆ ਐਲਾਨ ਕੀਤਾ ਗਿਆ ਕਿ ਇਹ 21 ਮੈਂਬਰੀ ਕਮੇਟੀ ਵੱਖ ਵੱਖ ਪਿੰਡਾਂ ਦੇ ਲੋਕਾਂ ਨੂੰ ਨਾਲ ਲੈ ਕੇ ਚੱਲੇਗੀ ਤੇ ਉਨ੍ਹਾਂ ਨਾਲ ਹਰ ਦੁੱਖ-ਸੁੱਖ ਵਿਚ ਖੜੇਗੀ। ਉਨ੍ਹਾਂ ਕਿਹਾ ਕਿ ਇਸ ਕਮੇਟੀ ਦਾ ਮਕਸਦ ਕਿਸੇ ਵੀ ਸਿਆਸਤ ਨਾਲ ਕੋਈ ਸੰਬੰਧ ਨਹੀਂ ਹੋਵੇਗਾ।

ਬਣਾਈ 21 ਮੈਂਬਰੀ ਕਮੇਟੀ ਵਲੋਂ ਹਲਕੇ 'ਚ ਸਿਆਸਤ ਤੋਂ ਉਪਰ ਉੱਠ ਕੇ ਚੱਲਣ ਦਾ ਲਿਆ ਫ਼ੈਸਲਾ

ਇਸ ਸਮੇਂ 'ਤੇ ਵੱਖ-ਵੱਖ ਪਿੰਡਾਂ ਦੇ ਮੁਹਤਬਰ ਵਿਅਕਤੀਆਂ ਦੀ ਬਣਾਈ ਗਈ 21 ਮੈਂਬਰੀ ਕਮੇਟੀ ਵਿਚ ਸਾਬਕਾ ਸਰਪੰਚ ਹਰਪਾਲ ਸਿੰਘ ਕੋਟ, ਰਵਿੰਦਰ ਸਿੰਘਨ ਠਰੂ, ਨਰਿੰਦਰ ਸਿੰਘ ਪੰਡੋਰੀ ਰਣ ਸਿੰਘ, ਸੁਖਵਿੰਦਰ ਸਿੰਘ ਫ਼ੌਜੀ, ਲਖਵਿੰਦਰ ਸਿੰਘ ਪੰਡੋਰੀ, ਜਰਨੈਲ ਸਿੰਘ ਤਖਤਮੱਲ, ਕੁਲਵਿੰਦਰ ਸਿੰਘ ਛੀਨਾ, ਅੰਗਰੇਜ ਸਿੰਘ ਭੁੱਚਰ, ਚਮਕੌਰ ਸਿੰਘ ਜੋਹਲ, ਬਲਜਿੰਦਰ ਸਿੰਘ ਲਾਡੀ ਭੋਜੀਆਂ, ਬਾਬਾ ਬਲਜਿੰਦਰ ਸਿੰਘ ਕਾਲਾ, ਗੁਰਵਿੰਦਰ ਸਿੰਘ ਬੋਬੀ, ਮੇਹਰ ਸਿੰਘ ਮੀਰਪੁਰ, ਬਲਕਾਰ ਸਿੰਘ ਝਾਮਕਾ ਖੁਰਦ, ਸਾਬਕਾ ਸਰਪੰਚ ਗੁਰਦੇਵ ਸਿੰਘ ਪੱਧਰੀ, ਸੁਖਜਿੰਦਰ ਸਿੰਘ ਪਲਾਸੌਰ, ਸਾਬਕਾ ਸਰਪੰਚ ਹਰਭਜਨ ਸਿੰਘ ਭੁੱਚਰ, ਹਰਪਾਲ ਸਿੰਘ ਪੰਜਵੜ, ਸੁਖਵਿੰਦਰ ਸਿੰਘ ਨੂਰਦੀ, ਤਾਰਾ ਚੰਦ ਤਰਨ ਤਾਰਨ, ਪਰਮਜੀਤ ਸਿੰਘ ਮਾਲੂਵਾਲ, ਬੀਰ ਸਿੰਘ ਗੱਗੋਬੂਹਾ, ਹਰਜਿੰਦਰ ਸਿੰਘ ਨਿੱਕੀ ਪੱਧਰੀ, ਸ਼ਿਗਾਰਾ ਸਿੰਘ ਲਾਲੂ ਘੁੰਮਣ ਆਦਿ ਚੁਣੇ ਗਏ।

ਭਾਈ ਲਾਲੋ ਸਮਾਜ ਸੇਵਾ ਸੰਸਥਾ ਪੱਟੀ ਵਲੋਂ ਸਮੂਹਿਕ ਆਨੰਦ ਕਾਰਜ 16 ਨੂੰ- ਡਾ. ਢਿੱਲੋਂ

ਪੱਟੀ, 3 ਜਨਵਰੀ (ਕਾਲੇਕੇ, ਖਹਿਰਾ)- ਨਾਮਵਰ ਸੰਸਥਾ ਭਾਈ ਲਾਲੋ ਸਮਾਜ ਸੇਵਾ ਸੰਸਥਾ ਪੱਟੀ ਵਲੋਂ ਹਰ ਸਾਲ ਜੋ ਲੋੜਵੰਦ ਪਰਿਵਾਰਾਂ ਦੀਆਂ ਧੀਆਂ ਦੇ ਸਮੂਹਿਕ ਆਨੰਦ ਕਾਰਜ ਕਰਵਾਏ ਜਾਂਦੇ ਹਨ, ਉਹ ਇਸ ਵਾਰ 16 ਜਨਵਰੀ ਨੂੰ ਲਗਪਗ 17 ਲੋੜਵੰਦ ਪਰਿਵਾਰਾਂ ਦੀਆਂ ਧੀਆਂ ਦੇ ਅਨੰਦ ਕਾਰਜ ਕਰਵਾਏ ਜਾਣਗੇ। ਇਹ ਜਾਣਕਾਰੀ ਸੰਸਥਾ ਦੇ ਚੇਅਰਮੈਨ ਡਾ. ਹਰਜਿੰਦਰ ਸਿੰਘ ਢਿੱਲੋਂ ਨੇ ਪੱਤਰਕਾਰਾਂ ਨਾਲ ਇਕ ਮੀਟਿੰਗ ਦੌਰਾਨ ਸਾਂਝੀ ਕੀਤੀ। ਉਨ੍ਹਾਂ ਦੱਸਿਆਂ ਕਿ ਇਨ੍ਹਾਂ ਸਮਾਗਮਾਂ ਦੀ ਤਿਆਰੀ ਸੰਬੰਧੀ ਸੰਸਥਾਂ ਦੀ ਸਮੁੱਚੀ ਟੀਮ ਜੋਰ ਸ਼ੋਰ ਨਾਲ ਲੱਗੀ ਹੋਈ ਹੈ। ਸਮੂਹਿਕ ਆਨੰਦ ਕਾਰਜ 16 ਜਨਵਰੀ ਨੂੰ ਪਿੰਡ ਦਿਆਲਪੁਰਾ 'ਚ ਸਥਿਤ ਗੁਰਦੁਆਰਾ ਬਾਬਾ ਬੁੱਢਾ ਸਾਹਿਬ ਜੀ ਵਿਖੇ ਕਰਵਾਏ ਜਾਣਗੇ। ਇਨ੍ਹਾਂ ਸਮਾਗਮਾਂ ਵਿਚ ਦੇਸ਼ ਵਿਦੇਸ਼ ਦੀ ਸੰਗਤ ਤੋਂ ਇਲਾਵਾ ਪੰਥ ਦੀਆਂ ਮਹਾਨ ਸ਼ਖਸੀਅਤਾਂ ਸ਼ਿਰਕਤ ਕਰਨਗੀਆਂ ਜਿਨ੍ਹਾਂ ਵਿਚ ਸੰਤ ਬਾਬਾ ਅਮਰ ਸਿੰਘ ਬੜੂੰਦੀ ਵਾਲੇ, ਸੰਤ ਬਾਬਾ ਅਵਤਾਰ ਸਿੰਘ ਸੁਰ ਸਿੰਘ ਵਾਲੇ, ਸੰਤ ਬਾਬਾ ਦਵਿੰਦਰ ਸਿੰਘ ਸ਼ਾਹਬਪੁਰੇ ਵਾਲੇ, ਸੰਤ ਬਾਬਾ ਚਰਨ ਸਿੰਘ ਦਿਆਲਪੁਰ ਵਾਲੇ ਤੇ ਸੰਤ ਬਾਬਾ ਗਿਆਨ ਸਿੰਘ ਮਨਿਹਾਲੇ ਵਾਲੇ ਉਚੇਚੇ ਤੌਰ 'ਤੇ ਜੋੜਿਆਂ ਨੂੰ ਆਸ਼ੀਰਵਾਦ ਦੇਣ ਆਉਣਗੇ। ਇਸ ਸੰਬੰਧੀ ਭਾਈ ਲਾਲੋ ਸਮਾਜ ਸੇਵਾ ਸੰਸਥਾ ਦੇ ਸਮੂਹ ਅਹੁਦੇਦਾਰਾਂ ਦੀ ਮੀਟਿੰਗ ਗਾਰਡਨ ਕਲੋਨੀ ਪੱਟੀ ਵਿਖੇ ਹੋਈ ਜਿਸ ਵਿਚ ਸਮੂਹ ਮੈਂਬਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਇਸ ਮੌਕੇ ਸੰਸਥਾ ਦੇ ਪ੍ਰਧਾਨ ਡਾ. ਅਰਵਿੰਦਰਜੀਤ ਸਿੰਘ ਵਲੋਂ ਦੱਸਿਆ ਗਿਆ ਕਿ ਲੋੜਵੰਦ ਧੀਆਂ ਨੂੰ ਵਿਆਹਾਂ ਮੌਕੇ ਲੋੜੀਦਾਂ ਘਰੇਲੂ ਸਮਾਨ ਵੀ ਦਿੱਤਾ ਜਾਵੇਗਾ। ਇਸ ਮੌਕੇ ਜਨਰਲ ਸਕੱਤਰ ਜਗਦੀਪ ਸਿੰਘ ਭਾਟੀਆ, ਪ੍ਰੈੱਸ ਸਕੱਤਰ ਕੁਲਵਿੰਦਰਪਾਲ ਸਿੰਘ ਬੋਨੀ, ਖਜਾਨਚੀ ਲਾਭ ਸਿੰਘ, ਬਖਸ਼ੀਸ਼ ਸਿੰਘ, ਭੁਪਿੰਦਰ ਸਿੰਘ ਜੋਸਨ, ਦਿਲਬਾਗ ਸਿੰਘ, ਪ੍ਰਤਾਪ ਸਿੰਘ ਲੱਡੂ, ਅੰਗਰੇਜ ਸਿੰਘ, ਦਾਰਾ ਸਿੰਘ, ਸਤਨਾਮ ਸਿੰਘ, ਹੀਰਾ ਸਿੰਘ, ਲਖਬੀਰ ਸਿੰਘ, ਸਕੱਤਰ ਸਿੰਘ, ਦਿਦਾਰ ਸਿੰਘ, ਜੋਗਿੰਦਰ ਸਿੰਘ, ਲਖਬੀਰ ਸਿੰਘ ਫੌਜੀ, ਹਰਭਜਨ ਸਿੰਘ ਆਦਿ ਹਾਜ਼ਰ ਸਨ।

ਜਾਣਕਾਰੀ ਦਿੰਦੇ ਹੋਏ ਡਾ.ਹਰਜਿੰਦਰ ਸਿੰਘ ਢਿੱਲੋਂ, ਡਾ.ਅਰਵਿੰਦਰਜੀਤ ਸਿੰਘ ਤੇ ਸੰਸਥਾ ਦੇ ਅਹੁਦੇਦਾਰ। ਤਸਵੀਰ: ਕਾਲੇਕੇ

ਮੰਦਰ 'ਚ ਕਰਵਾਏ ਪ੍ਰੋਗਰਾਮ ਦੌਰਾਨ ਹਾਜ਼ਰ ਸੰਗਤ। ਅਜੀਤ ਤਸਵੀਰ

ਸ੍ਰੀ ਜਵਾਲਾਮੁਖੀ ਮੰਦਰ ਵਿਖੇ ਚੱਲ ਰਿਹਾ ਧਾਰਮਿਕ ਪ੍ਰੋਗਰਾਮ ਸਮਾਪਤ

ਤਰਨ ਤਾਰਨ, 3 ਜਨਵਰੀ (ਵਿਕਾਸ ਮਰਵਾਹਾ)-ਸ੍ਰੀ ਜਵਾਲਾਮੁਖੀ ਮੰਦਰ ਗਲੀ ਪੱਪੂ ਭਗਤ ਜੀ ਵਾਲੀ ਵਿਖੇ ਚੱਲ ਰਿਹਾ ਧਾਰਮਿਕ ਪ੍ਰੋਗਰਾਮ ਸੰਪਨ ਹੋ ਗਿਆ। ਇਹ ਪ੍ਰੋਗਰਾਮ ਸਰਬਤ ਦੇ ਭਲੇ ਅਤੇ ਸੁੱਖ ਸ਼ਾਂਤੀ ਲਈ ਕਰਵਾਇਆ ਗਿਆ, ਜਿਸ ਦੌਰਾਨ ਸ਼ਿਵ-ਭੋਲੇ ਜੀ ਦੇ ਚਿਰਾਗ ਜਗਾਏ ਗਏ ਸਨ। ਮੰਦਰ ਦੇ ਸੰਚਾਲਕ ਸ੍ਰੀ ਪੱਪੂ ਭਗਤ ਨੇ ਦੱਸਿਆ ਕਿ ਇਹ ਚਿਰਾਗ ਕਰੀਬ ਪਿਛਲੇ 19 ਸਾਲਾਂ ਤੋਂ ਸਰਬਤ ਦੇ ਭਲੇ ਅਤੇ ਵਿਸ਼ਵ ਕਲਿਆਣ ਲਈ ਜਗਾਏ ਜਾਂਦੇ ਹਨ। ਜਿਸ ਵਿਚ ਰੋਜਾਨਾਂ ਮੰਦਰ ਦੀ ਸਮੂਹ ਸੰਗਤ ਵਲੋਂ ਸਵੇਰੇ-ਸ਼ਾਮ ਕੀਰਤਨ ਕੀਤਾ ਜਾਂਦਾ ਸੀ। ਇਸ ਚੱਲ ਰਹੇ ਧਾਰਮਿਕ ਪ੍ਰੋਗਰਾਮ ਦੀ ਸਮਾਪਤੀ ਵਾਲੇ ਦਿਨ ਭੋਗ ਪਾਇਆ ਗਿਆ। ਜਿਸ ਵਿਚ ਸ਼ਹਿਰ ਦੀਆਂ ਪ੍ਰਸਿੱਧ ਭਜਨ ਮੰਡਲੀਆਂ ਵਲੋਂ ਮਾਤਾ ਦੀਆਂ ਸੁੰਦਰ ਭੇਟਾਂ ਦਾ ਗੁਣਗਾਣ ਕੀਤਾ ਗਿਆ ਅਤੇ ਆਰਤੀ ਕੀਤੀ ਗਈ। ਆਰਤੀ ਕਰਨ ਉਪਰੰਤ ਊਸ਼ਾ ਮਾਤਾ ਦਾ ਜਨਮ ਦਿਨ ਬੜੀ ਸ਼ਰਧਾ-ਭਾਵਨਾ ਨਾਲ ਮਨਾਇਆ ਗਿਆ ਅਤੇ ਇਸ ਦੌਰਾਨ ਕੇਕ ਕੱਟਿਆ ਗਿਆ। ਪ੍ਰੋਗਰਾਮ ਦੌਰਾਨ ਲੰਗਰ ਭੰਡਾਰਾ ਸਾਰਾ ਦਿਨ ਅਟੁੱਟ ਵਰਤਾਇਆ ਗਿਆ। ਇਸ ਮੌਕੇ ਹਰੀਸ਼ ਅਗਨੀਹੋਤਰੀ, ਵਿਨੋਦ ਕੁਮਾਰ ਚੋਪੜਾ, ਭੋਲਾ ਜੀ, ਅਸ਼ਵਨੀ ਕੁਮਾਰ, ਡਾਕਟਰ ਰਮਨ ਗੁਪਤਾ, ਮੋਹਿਤ ਗੁਪਤਾ, ਵਿਵੇਕ ਗੁਪਤਾ ਬੌਬੀ, ਪ੍ਰੇਮ ਜੀ ਕਸੇਲਾ ਵਾਲੇ, ਕੇਸ਼ਵ, ਲੱਡੂ, ਚਿੰਟੂ, ਰਾਮ ਸ਼ਰਮਾ, ਸ਼ਾਮ ਸ਼ਰਮਾ, ਚੇਤਨ ਸ਼ਰਮਾ, ਦੀਪਕ ਸ਼ਰਮਾ, ਅਸ਼ਵਨੀ ਗੁਪਤਾ, ਸ਼ੁਭਮ ਗੁਪਤਾ ਆਦਿ ਮੌਜੂਦ ਸਨ।

ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਬੀਬਾ ਪ੍ਰਨੀਤ ਕੌਰ ਕੈਰੋਂ। ਤਸਵੀਰ: ਖਹਿਰਾ

ਕੈਰੋਂ ਨੂੰ ਭਾਰੀ ਬਹੁਮਤ ਨਾਲ ਜਿਤਾਉਣ ਦਾ ਦਿੱਤਾ ਭਰਵਾਂ ਹੁੰਗਾਰਾ

ਪੱਟੀ, 3 ਜਨਵਰੀ (ਅਵਤਾਰ ਸਿੰਘ ਖਹਿਰਾ, ਕੁਲਵਿੰਦਰ ਪਾਲ ਸਿੰਘ ਕਾਲੇਕੇ)- ਆਦੇਸ਼ ਪ੍ਰਤਾਪ ਸਿੰਘ ਕੈਰੋਂ ਸਾਬਕਾ ਕੈਬਨਿਟ ਮੰਤਰੀ ਪੰਜਾਬ ਨੂੰ 2022 ਦੀਆਂ ਚੋਣਾਂ ਵਿਚ ਭਾਰੀ ਬਹੁਮਤ ਨਾਲ ਜਿਤਾਉਣ ਲਈ ਵਾਰਡ ਨੰ: 6 ਪੱਟੀ ਵਿਚ ਹੋਈ ਮੀਟਿੰਗ ਵਿਚ ਵਾਰਡ ਦੇ ਅਹੁਦੇਦਾਰਾਂ ਨੇ ਬੀਬਾ ਪ੍ਰਨੀਤ ਕੌਰ ਕੈਰੋਂ ਨੂੰ ਵਿਸ਼ਵਾਸ ਦਿਵਾਇਆ ਕਿ ਆਦੇਸ਼ ਪ੍ਰਤਾਪ ਸਿੰਘ ਕੈਰੋਂ ਨਾਲ ਚੱਟਾਨ ਵਾਂਗ ਖੜੇ ਹਨ ਅਤੇ ਕੈਰੋਂ ਨੂੰ ਜਿੱਤ ਦਿਵਾਉਣ ਲਈ ਦਿਨ ਰਾਤ ਮਿਹਨਤ ਕਰਨਗੇ। ਇਸ ਮੌਕੇ ਬੀਬਾ ਪ੍ਰਨੀਤ ਕੌਰ ਕੈਰੋਂ ਨੇ ਦੱਸਿਆ ਕਿ ਆਦੇਸ਼ ਪ੍ਰਤਾਪ ਸਿੰਘ ਕੈਰੋਂ ਸਾਬਕਾ ਕੈਬਨਿਟ ਮੰਤਰੀ ਜਿੰਨ੍ਹਾਂ ਨੇ ਹਰ ਸਮਾਂ ਇਹ ਸੋਚਿਆ ਹੈ ਕਿ ਪੱਟੀ ਹਲਕੇ ਦੇ ਲੋਕਾਂ ਦਾ ਜੀਵਨ ਪੱਧਰ ਹੋਰ ਕਿਵੇਂ ਬੁਲੰਦੀਆਂ 'ਤੇ ਪਹੁੰਚਾਇਆ ਜਾ ਸਕਦਾ ਹੈ। ਉਨ੍ਹਾਂ ਦੀ ਮਿਹਨਤ ਬਦੌਲਤ ਪੱਟੀ ਹਲਕੇ ਅੰਦਰ ਪੰਜਾਬ ਵਿਚੋਂ ਸਭ ਤੋਂ ਵੱਧ ਵਿਕਾਸ ਹੋਇਆ ਹੈ। ਇਸ ਮੌਕੇ ਰਛਪਾਲ ਸਿੰਘ ਬੇਦੀ ਸਾਬਕਾ ਕੌਂਸਲਰ, ਅਮਰੀਕ ਸਿੰਘ ਭੁੱਲਰ ਐਮ.ਬੀ.ਏ., ਖੁਸ਼ਵਿੰਦਰ ਸਿੰਘ ਭਾਟੀਆ, ਗੁਰਚਰਨ ਸਿੰਘ ਚੰਨ ਸ਼ਹਿਰੀ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਬਾਦਲ, ਸਤਪਾਲ ਅਰੋੜਾ, ਰਾਜਨਪ੍ਰੀਤ ਸਿੰਘ ਸਾਬਕਾ ਕੌਂਸਲਰ, ਸੰਨੀ ਬਰਾੜ, ਫਤਿਏ ਸਿੰਘ, ਅਵਤਾਰ ਸਿੰਘ, ਕੁਲਦੀਪ ਸਿੰਘ, ਹਰਭਜਨ ਸਿੰਘ, ਦਲੇਰ ਸਿੰਘ, ਗੁਰਮੀਤ ਸਿੰਘ, ਸੁਖਵੰਤ ਸਿੰਘ, ਗੁਰਮੁੱਖ ਸਿੰਘ, ਸੁਰਿੰਦਰ ਸਿੰਘ ਆਦ ਹਾਜ਼ਿਰ ਸਨ।

ਕਾਂਗਰਸ ਵਿਚ ਸ਼ਾਮਿਲ ਹੋਣ 'ਤੇ ਸਵਾਗਤ ਕਰਦੇ ਹੋਏ ਵਿਧਾਇਕ ਹਰਮਿੰਦਰ ਸਿੰਘ ਗਿੱਲ ਤੇ ਹੋਰ। ਤਸਵੀਰ: ਕਾਲੇਕੇ

ਵਿਧਾਇਕ ਗਿੱਲ ਦੀ ਅਗਵਾਈ 'ਚ ਵਾਰਡ ਨੰਬਰ 18 'ਚ ਅਨੇਕਾਂ ਅਕਾਲੀ ਪਰਿਵਾਰ ਕਾਂਗਰਸ 'ਚ ਸ਼ਾਮਿਲ

ਪੱਟੀ, 3 ਜਨਵਰੀ (ਕੁਲਵਿੰਦਰਪਾਲ ਸਿੰਘ ਕਾਲੇਕੇ, ਅਵਤਾਰ ਸਿੰਘ ਖਹਿਰਾ)-ਪੱਟੀ ਸ਼ਹਿਰ ਦੀ ਵਾਰਡ ਨੰਬਰ 18 ਵਿਖੇ ਰਣਜੀਤ ਸਿੰਘ ਸੋਨੂ ਉੱਪਲ ਦੀ ਪ੍ਰੇਰਨਾ ਸਦਕਾ ਅਨੇਕਾਂ ਅਕਾਲੀ ਪਰਿਵਾਰ ਹਲਕਾ ਵਿਧਾਇਕ ਹਰਮਿੰਦਰ ਸਿੰਘ ਗਿੱਲ ਦੀ ਅਗਵਾਈ ਹੇਠ ਕਾਂਗਰਸ ਵਿਚ ਵਿਚ ਸ਼ਾਮਿਲ ਹੋ ਗਏ। ਇਸ ਸਮੇਂ ਪੱਟੀ ਸ਼ਹਿਰ ਵਿਚ ਰਾਮਗੜ੍ਹੀਆ ਬਰਾਦਰੀ ਦੇ ਮੋਢੀ ਸੂਰਤਾ ਸਿੰਘ, ਜਰਨੈਲ ਸਿੰਘ, ਗੁਰਪ੍ਰਤਾਪ ਸਿੰਘ ਸ਼ੇਰਾ, ਅਰਵਿੰਦਰ ਸਿੰਘ, ਰਾਜਵਿੰਦਰ ਸਿੰਘ, ਅਵਤਾਰ ਸਿੰਘ ਸੱਗੂ, ਮਨਜੀਤ ਸਿੰਘ ਸੱਗੂ, ਰਣਜੀਤ ਸਿੰਘ, ਕੁਲਦੀਪ ਸਿੰਘ, ਗਗਨਦੀਪ ਸਿੰਘ, ਗੁਰਦੇਵ ਸਿੰਘ ਸਾਥੀਆਂ ਸਮੇਤ ਕਾਂਗਰਸ ਵਿਚ ਸ਼ਾਮਿਲ ਹੋਏ। ਇਸ ਮੌਕੇ ਇਨ੍ਹਾਂ ਪਰਿਵਾਰਾਂ ਦਾ ਸਵਾਗਤ ਕਰਦਿਆਂ ਵਿਧਾਇਕ ਹਰਮਿੰਦਰ ਸਿੰਘ ਗਿੱਲ ਕਿਹਾ ਕਿ ਹਲਕੇ ਦੇ ਹਰੇਕ ਪਿੰਡ ਅਤੇ ਪੱਟੀ ਸ਼ਹਿਰ ਦੀਆਂ ਸਾਰੀਆਂ ਵਾਰਡਾਂ ਵਿਚ ਹੋਏ ਬੇਹਤਾਸ਼ਾ ਵਿਕਾਸ ਨੂੰ ਵੇਖਦਿਆਂ ਹੋਇਆਂ ਹਰ ਰੋਜ ਸ਼੍ਰੋਮਣੀ ਅਕਾਲੀ ਦਲ ਤੇ ਆਮ ਆਦਮੀ ਪਾਰਟੀ ਨਾਲ ਸੰਬੰਧਿਤ ਪਰਿਵਾਰ ਕਾਂਗਰਸ ਵਿਚ ਸ਼ਾਮਿਲ ਹੋ ਰਹੇ ਹਨ। ਇਸ ਮੌਕੇ ਵਿਧਾਇਕ ਗਿੱਲ ਨੇ ਕਿਹਾ ਕਿ ਹਲਕਾ ਪੱਟੀ ਵਿਚ ਜੋ ਵਿਕਾਸ ਕਾਂਗਰਸ ਦੀ ਸਰਕਾਰ ਮੌਕੇ ਕਰੀਬ 5 ਸਾਲਾਂ ਵਿਚ ਹੋਇਆ ਹੈ, ਉਹ ਵਿਕਾਸ ਹੋਰ ਕਿਸੇ ਸਰਕਾਰ ਮੌਕੇ ਨਹੀਂ ਹੋਇਆ। ਵਿਧਾਇਕ ਗਿੱਲ ਨੇ ਕਿਹਾ ਕਿ ਸੂਬੇ ਦੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵਲੋਂ ਹਰ